ਨੰ:3/88/2013-3ਸਿ3/173337/

ਪੰਜਾਬ ਸਰਕਾਰ

ਸਿੱਖਿਆ ਵਿਭਾਗ

(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ,
ਸਮਾਰਟ ਵੰਡਰ ਸਕੂਲ,
ਸੈਕਟਰ 71,
ਸਅਸ, ਨਗਰ।

ਮਿਤੀ, ਚੰਡੀਗੜ੍ਹ: 3-3-2014

ਵਿਸ਼ਾ: ਸਮਾਰਟ ਵੰਡਰ ਸਕੂਲ, ਸੈਕਟਰ 71,ਸਅਸ, ਨਗਰ, ਨੂੰ ਸੀ.ਬੀ.ਐਸ.ਈ, ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

******

ਸ੍ਰੀਮਾਨ ਜੀ,

ਉਪਰਕੋਤ ਵਿਸ਼ੇ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਸ.ਅ.ਸ ਨਗਰ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਦੀਆਂ ਸਿਫਾਰਸ਼ਾ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜਹੀਣਤਾ ਸਰਟੀਫਿਕੇਟ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਦ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।

2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾਂ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ ਸੀ.ਬੀ.ਐਸ.ਈ ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।

Ruchika
**Principal**
**Smart Wonders School**
**Sector-71, Mohali (Pb.)**

4. ਸੀ.ਬੀ.ਐਸ.ਈ ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਲ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਅਕਾਉਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

6. ਇਹ ਇਤਰਾਜਹੀਨ ਸਰਟੀਫਿਕੇਟ ਆਪ ਨੂੰ ਇਸ ਸ਼ਰਤ ਤੇ ਦਿੱਤਾ ਜਾਂਦਾ ਹੈ ਕਿ ਆਪ ਆਪਣੇ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਅਤੇ ਫਾਇਰ ਸੇਫਟੀ ਸਰਟੀਫਿਕੇਟ ਦਫਤਰ ਨੂੰ ਦੋ ਮਹੀਨੇ ਦੇ ਅੰਦਰ – ਅੰਦਰ ਪੇਸ ਕਰਨਾ ਯਕੀਨੀ ਬਣਾਇਆ ਜਾਵੇ ।

ਉਪ ਸਕੱਤਰ ਸਕੂਲ ਸਿੱਖਿਆ

ਪਿ:ਅੰ:ਨੰ: 3/88/2013-3ਸਿ3/ ਮਿਤੀ, ਚੰਡੀਗੜ੍ਹ:

ਉਤਾਰਾ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ: 15/62-2013-ਗ੍ਰਾਂਟ-1() ਮਿਤੀ 10.10.2013 ਦੇ ਹਵਾਲੇ ਵਿੱਚ ਭੇਜਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

2. ਸਮਾਰਟ ਵੰਡਰ ਸਕੂਲ, ਸੈਕਟਰ 71, ਸਅਸ, ਨਗਰ ਦੀ ਮਿਸਲ ਮੂਲ ਰੂਪ ਵਿੱਚ ਵਾਪਸ ਭੇਜੀ ਜਾਂਦੀ ਹੈ।

ਉਪ ਸਕੱਤਰ ਸਕੂਲ ਸਿੱਖਿਆ

ਅੰਦਰੂਨੀ ਵੰਡ:

1. ਨਿੱਜੀ ਸਕੱਤਰ/ਸਿੱਖਿਆ ਮੰਤਰੀ, ਪੰਜਾਬ।
2. ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ ਸਕੂਲ ਸਿੱਖਿਆ, ਪੰਜਾਬ।
3. ਨਿੱਜੀ ਸਕੱਤਰ/ਸਪੈਸਲ ਸਕੱਤਰ ਸਕੂਲ ਸਿੱਖਿਆ, ਪੰਜਾਬ।
4. ਨਿੱਜੀ ਸਹਾਇਕ/ ਉਪ ਸਕੱਤਰ ਸਕੂਲ ਸਿੱਖਿਆ, ਪੰਜਾਬ।